**ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ**
**ਐਸ.ਸੀ.ਓ.ਨੰ: 104-106, ਦੂਜੀ ਮੰਜ਼ਿਲ, ਸੈਕਟਰ-34 ਚੰਡੀਗੜ੍ਹ**

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿ)
ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ

ਮੀਮੋ ਨੰ:ਸਸਅ/ਐਮਸੀ/2010/66870-66903
ਮਿਤੀ,ਚੰਡੀਗੜ੍ਹ: 27-10-2010

ਵਿਸ਼ਾ: ਜ਼ਿਲ੍ਹਾ ਸਾਇੰਸ ਸੁਪਰਵਾਈਜਰ ਨੂੰ ਪੂਰਨ ਸਹਿਯੋਗ ਦੇਣ ਬਾਰੇ ।

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਰਾਜ ਦੇ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉਚਾ ਚੁੱਕਣ ਦੇ ਮਕਸਦ ਨਾਲ ਸਰਕਾਰ ਦੁਆਰਾ ਜ਼ਿਲ੍ਹਾ ਪੱਧਰ ਤੇ ਅਤੇ ਮੰਡਲ ਪੱਧਰ ਤੇ ਨਿਰੀਖਣ ਟੀਮਾਂ ਦਾ ਗਠਨ ਕੀਤਾ ਗਿਆ ਹੈ । ਪਿਛਲੇ ਦਿਨੀ ਇਹ ਆਮ ਤੌਰ ਤੇ ਇਹ ਵੇਖਣ ਵਿੱਚ ਆਇਆ ਹੈ ਕਿ ਛੋਟੇ ਛੋਟੇ ਮੁੱਦਿਆਂ ਤੇ ਦਫਤਰ ਦੁਆਰਾ ਸਪਸ਼ਟ ਹਦਾਇਤਾਂ ਨਾ ਹੋਣ ਦੀ ਵਜ੍ਹਾ ਨਾਲ ਇਹਨਾਂ ਟੀਮਾਂ ਨੂੰ ਦਿਕਤਾਂ ਪੇਸ਼ ਆ ਰਹੀਆਂ ਹਨ । ਇਹ ਆਮ ਤੌਰ ਤੇ ਵੇਖਣ ਵਿੱਚ ਆਇਆ ਹੈ ਕਿ ਮੁੱਖ ਦਫਤਰ ਦੁਆਰਾ ਬਣਾਈਆਂ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ ਪ੍ਰਧਾਨਗੀ ਹੇਠ ਬਣਾਈ ਨਿਰੀਖਣ ਟੀਮਾਂ ਨੂੰ ਜ਼ਿਲ੍ਹਾ ਸਿੱਖਿਆ ਅਫਸਰ ਦੁਆਰਾ ਕੁਝ ਹੋਰ ਵੀ ਕੰਮ ਦਿੱਤੇ ਜਾਂਦੇ ਹਨ । ਇਹਨਾਂ ਨਿਰੀਖਣ ਟੀਮਾਂ ਨੂੰ ਜ਼ਿਲ੍ਹਾ ਸਿੱਖਿਆ ਅਫਸਰ ਦੁਆਰਾ ਅਜਿਹੇ ਕੰਮ ਵੀ ਦੇ ਦਿੱਤੇ ਜਾਂਦੇ ਹਨ ਜਿਹਨਾਂ ਦਾ ਨਿਰੀਖਣ ਦੇ ਨਾਲ ਕੋਈ ਸਬੰਧ ਨਹੀਂ ਹੁੰਦਾ । ਇਸ ਤਰ੍ਹਾਂ ਕਰਨ ਨਾਲ ਨਿਰੀਖਣ ਟੀਮ ਨੂੰ ਕਾਫੀ ਦਿਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ । ਇਸ ਤਰ੍ਹਾਂ ਕੁਝ ਹੋਰ ਵੀ ਜ਼ਿਲ੍ਹਾ ਸਾਇੰਸ ਸੁਪਰਵਾਈਜਰਾਂ ਦੁਆਰਾ ਮੁੱਦੇ ਧਿਆਨ ਵਿੱਚ ਲਿਆਂਦੇ ਗਏ ਹਨ । ਉਹਨਾਂ ਨੂੰ ਮੁੱਖ ਰੱਖਦੇ ਹੋਏ ਹੇਠ ਲਿਖਤ ਅਨੁਸਾਰ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਹਨ :-

1. ਜ਼ਿਲ੍ਹਾ ਸਾਇੰਸ ਸੁਪਰਵਾਈਜਰ ਆਮ ਤੌਰ ਤੇ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿ) ਵਲੋਂ ਜਾਰੀ ਹਦਾਇਤਾਂ ਅਨੁਸਾਰ ਕੰਮ ਕਰਨਗੇ ਪਰੰਤੂ ਜ਼ਿਲ੍ਹਾ ਸਿੱਖਿਆ ਅਫਸਰ ਹਦਾਇਤਾਂ ਦੇਣ ਵੇਲੇ ਮੁੱਖ ਦਫਤਰ ਵਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਨੂੰ ਜ਼ਰੂਰ ਧਿਆਨ ਵਿੱਚ ਰੱਖਣ । ਇਹ ਸਪਸ਼ਟ ਕੀਤਾ ਜਾਂਦਾ ਹੈ ਕਿ ਜ਼ਿਲ੍ਹਾ ਸਾਇੰਸ ਸੁਪਰਵਾਈਜਰ ਦੀ ਪ੍ਰਧਾਨਗੀ ਹੇਠ ਬਣੀ ਨਿਰੀਖਣ ਟੀਮ ਦਾ ਮੁੱਖ ਮਕਸਦ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਉਹਨਾਂ ਦਾ ਨਿਰੀਖਣ ਕਰਨਾ ਹੈ ਅਤੇ ਵਿਭਾਗ ਦੁਆਰਾ ਦਿੱਤੇ ਗਏ ਟੀਚਿਆਂ ਨੂੰ ਪ੍ਰਾਪਤ ਕਰਨਾ ਹੈ ।

2. ਜ਼ਿਲ੍ਹਾ ਸਿੱਖਿਆ ਅਫਸਰਾਂ ਦੁਆਰਾ ਜ਼ਿਲ੍ਹਾ ਸਾਇੰਸ ਸੁਪਰਵਾਈਜਰ ਦੀ ਪ੍ਰਧਾਨਗੀ ਹੇਠ ਬਣੀ ਨਿਰੀਖਣ ਟੀਮਾਂ ਨੂੰ ਸਮੇਂ ਸਿਰ ਟੀ.ਏ/ਡੀ.ਏ ਦੇਣ ਵਿੱਚ ਲੋੜੀਂਦੀ ਕਾਰਵਾਈ ਸਮੇਂ ਸਿਰ ਨਹੀਂ ਕੀਤੀ ਜਾਂਦੀ । ਇਸ ਨੂੰ ਨਿਯਮਾਂ ਮੁਤਾਬਿਕ ਛੇਤੀ ਨੇਪਰੇ ਚਾੜ੍ਹਿਆ ਜਾਵੇ । ਜਿਥੇ ਕਿਤੇ ਵੀ ਨਿਰੀਖਣ ਟੀਮ ਨੂੰ ਇਸ ਤਰ੍ਹਾਂ ਕੋਈ ਦਿਕਤ ਪੇਸ਼ ਆ ਰਹੀ ਹੈ ਤਾਂ ਮੁੱਖ ਦਫਤਰ ਦੇ ਤੁਰੰਤ ਧਿਆਨ ਵਿੱਚ ਲਿਆਂਦਾ ਜਾਵੇ ।

3. ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਜ਼ਿਲ੍ਹਾ ਸਾਇੰਸ ਸੁਪਰਵਾਈਜਰ ਦੀ ਪ੍ਰਧਾਨਗੀ ਹੇਠ ਬਣੀ ਨਿਰੀਖਣ ਟੀਮ ਦਾ ਕੰਮ ਸਿਰਫ ਸਾਇੰਸ ਵਿਸ਼ੇ ਦੇ ਨਾਲ ਸਬੰਧਤ ਲੈਬੋਟਰੀ ਨੂੰ ਚੈਕ ਕਰਨਾ ਨਹੀਂ ਬਲਕਿ ਇਨ੍ਹਾਂ ਦਾ ਕੰਮ ਸਮੁੱਚੇ ਵਿਸ਼ਿਆਂ ਨੂੰ ਚੈਕ ਕਰਨਾ ਹੈ । ਇਸ ਮਕਸਦ ਲਈ ਇਹਨਾਂ ਟੀਮਾਂ ਲਈ ਸਾਰੇ ਵਿਸ਼ੇ ਦੇ ਵਿਸ਼ਾ ਮਾਹਿਰ ਸਾਮਲ ਕੀਤੇ ਗਏ ਹਨ । ਇਹਨਾਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਹੋਵੇ ।

ਡੀ.ਜੀ.ਐਸ.ਈ